File No SED –EDU303/44/2022- 3SDU3 / 322419 / 2022(1)

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ -3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ ,
Maharana Partap Sr Sec Adarsh Vidyalya,
Khanpur ,
Pathankot

ਮਿਤੀ: ਚੰਡੀਗੜ੍ਹ: 07/7/2022

ਵਿਸ਼ਾ:- Maharana Partap Sr Sec Adarsh Vidyalya , Khanpur, Pathankot ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਬਾਹਰਵੀਂ ਪੱਧਰ ਦਾ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ ।

******

ਉਪਰੋਕਤ ਵਿਸ਼ੇ ਤੇ ਆਪ ਦੀ ਐਪਲੀਕੇਸ਼ਨ BIB4FFOOEC ਦੇ ਹਵਾਲੇ ਵਿੱਚ ।

ਸਕੂਲ ਮੈਨੇਜਮੈਂਟ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲਾ ਸਿੱਖਿਆ
2. ਅਫਸਰ (ਸੈ.ਸਿ) ਪਠਾਨਕੋਟ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਦਸਵੀਂ ਪੱਧਰ ਦਾ ਇਤਰਾਜ਼ਹੀਣਤਾ ਸਰਟੀਫਿਕੇਟ ਤੱਕ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ
1. ਹੈ ਕਿ ਆਪ ਵਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ
2. ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲੈ ਲਿਆ ਜਾਵੇਗਾ।

ਸਕੂਲ ਮੈਨੇਜਮੈਂਟ,ਸਿੱਖਿਆ ਵਿਭਾਗ ਪੰਜਾਬ ਸਰਕਾਰ ਵਲੋਂ ਆਰ.ਟੀ.ਈ.ਐਕਟ 2009 ਦੇ
3. ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ - 2009 ਦੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇਗੀ।

Neera Mehajan
PRINCIPAL
Maharana Partap Sr. Sec.
Adarsh Vidyalaya,
Pathankot (Pb.) PTK 21190

P.T.O.

4. ਸੀ.ਬੀ.ਐਸ.ਈ. ਨਵੀ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀ ਦੇਣ ਲਈਵਚਨਵੱਧ ਹੋਵੇਗੀ।ਸਕੂਲ ਐਕਸਟੈਨਸ਼ਨ/ਅਪਗ੍ਰੇਡੇਸ਼ਨ ਸਮੇਂ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਦੇ ਕੋਲ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਦਾ ਬਣਦਾ ਰਿਜ਼ਰਵ ਫੰਡ ਜਮ੍ਹਾਂ ਕਰਵਾਏਗਾ । ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮਨੈਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ, ਲੋੜੀਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

6. ਬੱਚਿਆਂ ਦੀ ਸੁਰਖਿਆ, ਪਬਲਿਕ ਹੇਲਥ ਸੈਨੀਟੇਸ਼ਨ ਅਤੇ ਹੋਰ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾ ਦਾ ਸਮੇਂ-2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵਲੋਂ ਕੀਤਾ ਜਾਵੇਗਾ ।

7. ਪੰਜਾਬ ਸਰਕਾਰ ਵਲੋਂ ਪੱਤਰ ਨੰ: 2 / 93 / 2009 / 3ਸਿ3 / 1360154 ਮਿਤੀ 26.11.2018 ਰਾਹੀ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਅਧੀਨ ਸਕੱਤਰ ਸਕੂਲ ਸਿੱਖਿਆ

ਪਿੰ:ਅੰ:ਨੰ: 3SED-EDU303/44/2022/3EDU/ ਮਿਤੀ, ਚੰਡੀਗੜ੍ਹ

ਓਪਰੋਕਤ ਦਾ ਇਕ ਉਤਾਰਾ ਹੇਠ ਲਿਖਿਆ ਨੂੰ ਲੋੜੀਦੀਂ ਕਾਰਵਾਈ ਹਿਤ ਭੇਜੀਆਂ ਜਾਂਦਾ ਹੈ ।

1. ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ ਚੰਡੀਗੜ੍ਹ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ।ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. ਜ਼ਿਲਾ ਸਿਖਿਆ ਅਫਸਰ ( ਸੈ.ਸ਼ਿ.) ਪਠਾਨਕੋਟ ।

ਅਧੀਨ ਸਕੱਤਰ ਸਕੂਲ ਸਿੱਖਿਆ

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ -3 ਸ਼ਾਖਾ)

ਮੀਮੋ ਨੰ. 3SED-EDU303/44/2022/3EDU/ 312416/2022(1) ਮਿਤੀ, ਚੰਡੀਗੜ੍ਹ 07/12

Maharana Partap Sr Sec Adarsh Vidyalya , Khanpur, Pathankot ਨੂੰ ਬਾਹਰਵੀਂ ਪੱਧਰ ਤੱਕ ਦੀ ਮਾਨਤਾ ਹੇਠ ਲਿਖੀਆਂ ਸ਼ਰਤਾ ਤੇ ਦਿੱਤੀ ਜਾਂਦੀ ਹੈ-

1. ਸਕੂਲ The Right of Children to Free and Compulsory Education Act.2009 ਦੀ ਪਾਲਣਾ ਕਰੇਗਾ ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ
4. ਸਕੂਲ ਵਲੋ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ), ਜਲੰਧਰ ਨੂੰ ਬਣਦੀ 101,000/- ਰੁਪਏ ਦੀ ਪ੍ਰੋਸੈਸਿੰਗ ਫੀਸ ਜਮ੍ਹਾਂ ਕਰਵਾ ਦਿਤੀ ਗਈ ਹੈ।

ਅਧੀਨ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ: 3SED-EDU303/44/2022/3EDU ਮਿਤੀ, ਚੰਡੀਗੜ੍ਹ

ਉਪਰੋਕਤ ਦਾ ਇਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ) ਪੰਜਾਬ,ਮੋਹਾਲੀ
2. ਜਿਲ੍ਹਾ ਸਿੱਖਿਆ ਅਫਸਰ(ਸੈ.ਸਿ), ਪਠਾਨਕੋਟ ।

ਅਧੀਨ ਸਕੱਤਰ ਸਕੂਲ ਸਿੱਖਿਆ

PRINCIPAL
Maharana Partap Sr. Sec.
Adarsh Vidyalaya,
Pathankot (Pb.) PTK 21190